ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਪੰਜਵੀਂ ਮੰਜਿਲ, ਈ-ਬਲਾਕ, ਫੇਜ਼-8, ਐਸ.ਏ.ਐਸ.ਨਗਰ।

(ਵਜੀਫਾ ਸ਼ਾਖਾ)

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਪੰਜਾਬ।
ਪੱਤਰ ਨੰ: E-724548 /2024/੧੬੩੦੨
ਮਿਤੀ ਐਸ.ਏ.ਐਸ.ਨਗਰ 19-11-2024

ਵਿਸ਼ਾ:- **ਈ-ਪੰਜਾਬ ਪੋਰਟਲ ਤੇ ਡਾ. ਹਰਗੋਬਿੰਦ ਖੁਰਾਣਾ ਸਕਾਲਰਸਿਪ ਸਕੀਮ ਅਤੇ ਪ੍ਰੀ ਮੈਟ੍ਰਿਕ ਸਕਾਲਰਸ਼ਿਪ ਫਾਰ ਓ.ਬੀ.ਸੀ ਸਕੀਮ ਤਹਿਤ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਵਜੀਫੇ ਲਈ ਅਪਲਾਈ ਕਰਵਾਉਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਕਿ ਈ-ਪੰਜਾਬ ਪੋਰਟਲ ਦੀ ਮਿਤੀ 19-11-2024 ਦੀ ਰਿਪੋਰਟ ਅਨੁਸਾਰ ਡਾ. ਹਰਗੋਬਿੰਦ ਖੁਰਾਣਾ ਸਕਾਲਰਸ਼ਿਪ ਸਕੀਮ ਤਹਿਤ ਕੇਵਲ 3451 ਵਿਦਿਆਰਥੀ ਅਤੇ ਪ੍ਰੀ ਮੈਟ੍ਰਿਕ ਸਕਾਲਰਸ਼ਿਪ ਫਾਰ ਓ.ਬੀ.ਸੀ ਸਕੀਮ ਤਹਿਤ ਕੇਵਲ 25770 ਵਿਦਿਆਰਥੀਆਂ ਵੱਲੋਂ ਹੀ ਵਜੀਫੇ ਲਈ ਅਪਲਾਈ ਕੀਤਾ ਗਿਆ ਹੈ।

ਈ-ਪੰਜਾਬ ਪੋਰਟਲ ਤੇ ਆਨ ਲਾਈਨ ਅਪਲਾਈ ਕਰਨ ਦੀ ਮਿਤੀ ਵਿੱਚ ਤਿੰਨ ਵਾਰ ਵਾਧਾ ਕਰਨ ਦੇ ਬਾਵਜੂਦ ਵੀ ਡਾ. ਹਰਗੋਬਿੰਦ ਖੁਰਾਣਾ ਸਕਾਲਰਸ਼ਿਪ ਸਕੀਮ ਅਤੇ ਪ੍ਰੀ ਮੈਟ੍ਰਿਕ ਸਕਾਲਰਸ਼ਿਪ ਫਾਰ ਓ.ਬੀ.ਸੀ ਸਕੀਮ ਤਹਿਤ ਬਹੁਤ ਘੱਟ ਵਿਦਿਆਰਥੀਆਂ ਨੂੰ ਅਪਲਾਈ ਕਰਵਾਇਆ ਗਿਆ ਹੈ। ਤਿੰਨ ਵਾਰ ਮਿਤੀ ਵਿੱਚ ਵਾਧਾ ਕਰਨ ਦੇ ਬਾਵਜੂਦ ਵੀ ਯੋਗ ਵਿਦਿਆਰਥੀਆਂ ਨੂੰ ਪੋਰਟਲ ਤੇ ਅਪਲਾਈ ਨਾ ਕਰਵਾਉਣ ਦੇ ਕਾਰਣ ਸਪਸ਼ਟ ਕੀਤੇ ਜਾਣ। ਇੱਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਈ-ਪੰਜਾਬ ਪੋਰਟਲ ਤੇ ਯੋਗ ਲਾਭਪਾਰੀਆਂ ਨੂੰ ਅਪਲਾਈ ਕਰਵਾਉਣ ਦੀ ਆਖਰੀ ਮਿਤੀ ਵਿੱਚ 26-11-2024, ਤੋਂ ਬਾਅਦ ਹੋਰ ਵਾਧਾ ਨਹੀਂ ਕੀਤਾ ਜਾਵੇਗਾ।

ਇਸ ਲਈ ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਆਉਂਦੇ ਸਕੂਲਾਂ ਦੇ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਮਿੱਥੇ ਸਮੇਂ ਦੇ ਅੰਦਰ-ਅੰਦਰ ਯੋਗ ਵਿਦਿਆਰਥੀਆਂ ਨੂੰ ਵਜੀਫੇ ਲਈ ਅਪਲਾਈ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਕੋਈ ਵੀ ਵਿਦਿਆਰਥੀ ਵਜੀਫੇ ਦੇ ਲਾਭ ਤੋਂ ਵਾਂਝਾ ਨਾ ਰਹਿ ਜਾਵੇ।

ਯੋਗ ਵਿਦਿਆਰਥੀਆਂ ਨੂੰ ਈ-ਪੰਜਾਬ ਪੋਰਟਲ ਤੇ ਸਮੇਂ ਸਿਰ ਅਪਲਾਈ ਨਾ ਕਰਵਾਉਣ ਦੀ ਸੂਰਤ ਵਿੱਚ ਸਕੂਲ ਮੁੱਖੀ ਅਤੇ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)/ ਉੱਪ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)-ਕਮ-ਜਿਲ੍ਹਾ ਵਜੀਫਾ ਨੋਡਲ ਅਫਸਰ ਦੀ ਨਿੱਜੀ ਜਿੰਮੇਵਾਰੀ ਹੋਵੇਗੀ।

ਇਸ ਨੂੰ ਪਰਮ ਅਗੇਤ ਦਿੱਤੀ ਜਾਵੇ।

19.11.2024

ਸਹਾਇਕ ਡਾਇਰੈਕਟਰ (ਵਜੀਫਾ)

Scanned with OKEN Scanner

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ: ਸਿ), ਬਠਿੰਡਾ

ਪਿੱਠ ਅੰਕਣ ਨੰ: ਸੀ-5/11/2024/1459 ਮਿਤੀ: 19-11-2024

ਉਪਰੋਕਤ ਦਾ ਉਤਾਰਾ ਸਮੂਹ ਸਰਕਾਰੀ ਸਕੂਲ ਮੁੱਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਹਾਇਰ ਐਜੂਕੇਸ਼ਨ ਸਕੀਮ ਦੇ Fresh Students 181 ਦੀ ਲਿਸਟ ਅਤੇ Renew Students 121 ਦੀ ਲਿਸਟ ਭੇਜੀ ਗਈ ਸੀ। ਜਿਸ ਵਿੱਚ 11 ਕਲਾਸ ਦੇ ਸਿਰਫ 77 ਵਿਦਿਆਰਥੀ ਅਤੇ 12ਵੀਂ ਕਲਾਸ ਦੇ 114 ਵਿਦਿਆਰਥੀਆਂ ਨੂੰ epunjab ਪੋਰਟਲ ਤੇ Apply ਕੀਤੇ ਗਏ ਹਨ। ਜੋ ਆਪ ਸਭ ਨੂੰ ਲਿਖਿਆ ਜਾਂਦਾ ਹੈ ਕਿ ਗਿਆਰਵੀਂ ਕਲਾਸ ਦੇ ਅਤੇ ਬਾਰਵੀਂ ਕਲਾਸ ਦੇ ਬਾਕੀ ਰਹਿੰਦੇ ਵਿਦਿਆਰਥੀਆਂ ਨੂੰ ਵਿਭ. ਵੱਲੋਂ ਅਪਲਾਈ ਕਰਵਾਇਆ ਜਾਵੇ। ਇਸ ਦੇ ਕਰਨ ~~ਅਪਰੂਵਲ~~ ਅਪਡੇਟ ਕਰਕੇ ਉਪਰੰਤ ਇਸ ਦਫਤਰ ਵਿਖੇ ਭੇਜੇ ਜਾਣ। ਉਕਤ ਅਪਰੂਵਲਜ਼ ਦੋ ਦਿਨਾਂ ਦੇ ਅੰਦਰ-ਅੰਦਰ ਜਮਾ ਕਰਵਾਏ ਜਾਣ।

19/11/24

ਜ਼ਿਲ੍ਹਾ ਸਿੱਖਿਆ ਅਫਸਰ (ਸੈ)
ਬਠਿੰਡਾ

19/11/24